# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।
3. ਸਮੂਹ ਜ਼ਿਲ੍ਹਾ ਮੈਥ ਕੋਆਰਡੀਨੇਟਰਜ਼।
4. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/ 71422-71482
ਮਿਤੀ,ਚੰਡੀਗੜ੍ਹ 15-12-2010

ਵਿਸ਼ਾ :- ਗਣਿਤ ਵਿਸ਼ੇ ਦੇ ਪੀਰੀਅਡ ਲੈਣ ਸਬੰਧੀ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਸਮੇਂ ਸਮੇਂ ਤੇ ਸਕੂਲਾਂ ਦੇ ਨਿਰੀਖਣ ਦੌਰਾਨ ਇਹ ਇਹ ਦੇਖਣ ਵਿੱਚ ਆਇਆ ਹੈ ਕਿ ਮੈਥ ਅਤੇ ਸਾਇੰਸ ਵਿਸ਼ਿਆਂ ਦੇ ਅਧਿਆਪਕ ਵਿਭਾਗੀ ਤਰੱਕੀ ਉਪਰੰਤ ਲੈਕਚਰਾਰ ਬਣ ਚੁੱਕੇ ਹਨ ਅਤੇ ਤਰੱਕੀ ਵਾਲੇ ਸਕੂਲਾਂ ਵਿੱਚ ਆਪਣੇ ਪੀਰੀਅਡ ਘੱਟ ਹੋਣ ਦੀ ਸੂਰਤ ਵਿੱਚ ਜੂਨੀਅਰ ਜਮਾਤਾਂ ਦੇ ਗਣਿਤ ਵਿਸ਼ੇ ਦੇ ਪੀਰੀਅਡਾਂ ਨੂੰ ਲੈਣ ਤੋਂ ਇਨਕਾਰ ਕਰ ਦਿੰਦੇ ਹਨ ਅਤੇ ਗਣਿਤ ਵਿਸ਼ੇ ਦੀ ਲਈ ਗਈ ਜਮਾਤ ਪ੍ਰਤੀ ਪੂਰਾ ਧਿਆਨ ਨਹੀਂ ਦਿੰਦੇ ਕਿਉਂਕਿ ਉਨ੍ਹਾਂ ਵੱਲੋਂ ਇਹ ਸਮਝਿਆ ਜਾਂਦਾ ਹੈ ਕਿ ਇਸ ਜਮਾਤ ਦਾ ਨਤੀਜਾ ਉਨ੍ਹਾਂ ਦੀ ਸਾਲਾਨਾ ਗੁਪਤ ਰਿਪੋਰਟ ਵਿੱਚ ਦਰਜ ਨਹੀਂ ਕੀਤਾ ਜਾਵੇਗਾ।

3.0 ਇੱਥੇ ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਜਿਹੜੇ ਮੈਥ ਜਾਂ ਸਾਇੰਸ ਅਧਿਆਪਕ ਵਿਭਾਗੀ ਤਰੱਕੀ ਉਪਰੰਤ ਚਾਹੇ ਕਿਸੇ ਹੋਰ ਵਿਸ਼ੇ ਦੇ ਲੈਕਚਰਾਰ ਬਣ ਗਏ ਹਨ ਜੇਕਰ ਉਨ੍ਹਾਂ ਦੇ ਸਕੂਲਾਂ ਵਿੱਚ ਗਣਿਤ ਦੇ ਅਧਿਆਪਕਾਂ ਦੀ ਘਾਟ ਹੈ ਤਾਂ ਉਨ੍ਹਾਂ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਨ੍ਹਾਂ ਨੂੰ ਟਾਈਮ ਟੇਬਲ ਵਿੱਚ ਗਣਿਤ

ਚਲਦਾ ਪੰਨਾ ..........

ਵਿਸ਼ੇ ਦਾ ਪੀਰੀਅਡ ਜ਼ਰੂਰ ਦਿੱਤਾ ਜਾਵੇ ਅਤੇ ਉਸ ਦੀ ਸਾਲਾਨਾ ਗੁਪਤ ਰਿਪੋਰਟ ਵਿੱਚ ਇਸ ਜਮਾਤ ਦਾ ਨਤੀਜਾ ਵੀ ਦਰਜ ਕੀਤਾ ਜਾਵੇ।

4.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ